15ਵੀਂ ਵਿਧਾਨ ਸਭਾ
14ਵਾਂ ਸਮਾਗਮ (ਬਜਟ)

ਪੰਜਾਬ ਵਿਧਾਨ ਸਭਾ
ਬੁਲੇਟਿਨ ਨੰ: 4
ਵੀਰਵਾਰ, 4 ਮਾਰਚ, 2021
(10.00 ਵਜੇ ਸਵੇਰ ਤੋਂ 2.29 ਵਜੇ ਬਾਅਦ ਦੁਪਹਿਰ ਤੱਕ)

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 11 | 02 | 01 | 06 | 27 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 20

2. **ਵਾਕ ਆਊਟ**

1. ਸਰਦਾਰ ਸੁਖਪਾਲ ਸਿੰਘ ਖਹਿਰਾ, ਸਰਦਾਰ ਨਾਜਰ ਸਿੰਘ ਮਾਨਸ਼ਾਹੀਆ, ਸਰਦਾਰ ਕੰਵਰ ਸੰਧੂ, ਪ੍ਰੋਫੈਸਰ ਬਲਜਿੰਦਰ ਕੌਰ, ਸਰਦਾਰ ਪਿਰਮਲ ਸਿੰਘ ਧੌਲਾ, ਸਰਦਾਰ ਜਗਦੇਵ ਸਿੰਘ ਕਮਾਲੂ, ਸਰਦਾਰ ਗੁਰਮੀਤ ਸਿੰਘ ਮੀਤ ਹੇਹਰ ਅਤੇ ਸਰਦਾਰ ਅਮਰਜੀਤ ਸਿੰਘ ਸੰਦੋਆ ਨੂੰ ਛੱਡ ਕੇ ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਰਾਜ ਵਿਚ 85ਵੀਂ ਸੋਧ ਲਾਗੂ ਨਾ ਕਰਨ ਲਈ ਜਿਮੇਂਵਾਰ ਸਬੰਧਤ ਅਧਿਕਾਰੀ ਵਿਰੁੱਧ ਕਾਰਵਾਈ ਨਾ ਕਰਨ ਦੇ ਰੋਸ ਵਜੋਂ ਸਰਕਾਰ ਵਿਰੋਧੀ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

2. ਸਰਦਾਰ ਪਰਮਿੰਦਰ ਸਿੰਘ ਢੀਂਡਸਾ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਡੀਜ਼ਲ ਅਤੇ ਪੈਟਰੋਲ ਤੇ ਵੈਟ ਘਟਾਉਣ ਦੀ ਮੰਗ ਨੂੰ ਲੈ ਕੇ ਰੋਸ ਵਜੋਂ ਸਰਕਾਰ ਵਿਰੋਧੀ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

3. **ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਨਯੋਗ ਸਪੀਕਰ ਵੱਲੋਂ ਸਰਦਾਰ ਜਸਬੀਰ ਸਿੰਘ ਗਿੱਲ (ਡਿੰਪਾ), ਮਾਨਯੋਗ ਮੈਂਬਰ, ਲੋਕ ਸਭਾ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

4. **ਰਿਪੋਰਟਾਂ ਪੇਸ਼ ਕਰਨਾ**

1. ਲੋਕ ਲੇਖਾ ਕਮੇਟੀ ਦੇ ਸਭਾਪਤੀ (ਸਰਦਾਰ ਗੁਰਮੀਤ ਸਿੰਘ ਹੇਹਰ) ਨੇ ਨਿਮਨਲਿਖਤ ਰਿਪੋਰਟਾਂ ਪੇਸ਼ ਕੀਤੀਆਂ:

i) ਸਾਲ 2013-14 ਲਈ ਪੰਜਾਬ ਸਰਕਾਰ ਦੇ ਨਮਿੱਤਣ ਲੇਖਿਆਂ ਤੇ ਲੋਕ ਲੇਖਾ ਕਮੇਟੀ ਦੀ 210ਵੀਂ ਰਿਪੋਰਟ ਅਤੇ ਸਾਲ 2013-14 ਲਈ ਸਮਾਜਿਕ ਸੁਰੱਖਿਆ ਅਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਨਾਲ ਸਬੰਧਤ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ (ਸਿਵਲ);

ii) ਸਾਲ 2016-17 ਲਈ ਪੰਜਾਬ ਸਰਕਾਰ ਦੇ ਨਮਿੱਤਣ ਲੇਖਿਆਂ ਤੇ ਲੋਕ ਲੇਖਾ ਕਮੇਟੀ ਦੀ 211ਵੀਂ ਰਿਪੋਰਟ ਅਤੇ ਸਾਲ 2016-17 ਲਈ ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਗ ਨਾਲ ਸਬੰਧਤ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ (ਸਿਵਲ);

iii) ਸਾਲ 2014-15, 2015-16 ਅਤੇ 2016-17 ਲਈ ਪੰਜਾਬ ਸਰਕਾਰ ਦੇ ਨਮਿੱਤਣ ਲੇਖਿਆਂ ਤੇ ਲੋਕ ਲੇਖਾ ਕਮੇਟੀ ਦੀ 212ਵੀਂ ਰਿਪੋਰਟ ਅਤੇ ਸਾਲ 2014-15, 2015-16 ਅਤੇ 2016-17 ਲਈ ਟਰਾਂਸਪੋਰਟ ਵਿਭਾਗ ਨਾਲ ਸਬੰਧਤ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ (ਸਿਵਲ); ਅਤੇ

iv) ਸਾਲ 2021-21 ਦੌਰਾਨ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀਆਂ ਰਿਪੋਰਟਾਂ (ਸਿਵਲ ਅਤੇ ਮਾਲੀਆ ਪ੍ਰਾਪਤੀਆਂ) ਵਿੱਚ ਦਰਜ ਆਡਿਟ ਪੈਰ੍ਹਿਆਂ ਦੇ ਵੱਖ-ਵੱਖ ਵਿਭਾਗਾਂ ਤੋਂ ਪ੍ਰਾਪਤ ਉਤੱਰਾਂ ਦੀ ਜਾਂਚ-ਪੜਤਾਲ ਨਾਲ ਸਬੰਧਤ ਲੋਕ ਲੇਖਾ ਕਮੇਟੀ ਦੁਆਰਾ ਕੀਤੇ ਗਏ ਕੰਮ-ਕਾਰ ਤੇ "ਸੰਖੇਪ"।

Principal Chief Reporter
Punjab Vidhan Sabha
Chandigrah

ਰਿਪੋਰਟਾਂ ਪੇਸ਼ ਕਰਦੇ ਹੋਏ ਸਰਦਾਰ ਗੁਰਮੀਤ ਸਿੰਘ ਹੇਹਰ, ਸਭਾਪਤੀ, ਲੋਕ ਲੇਖਾ ਕਮੇਟੀ 02 ਮਿੰਟ ਲਈ ਬੋਲੇ।

2. ਅਨੁਮਾਨ ਕਮੇਟੀ ਦੇ ਸਭਾਪਤੀ (ਸਰਦਾਰ ਹਰਦਿਆਲ ਸਿੰਘ ਕੰਬੋਜ) ਨੇ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਵਿਭਾਗ, ਪੰਜਾਬ ਦੇ ਸਬੰਧ ਵਿਚ ਬਜਟ ਅਨੁਮਾਨਾਂ ਤੇ ਸਾਲ 2020-21 ਲਈ ਅਨੁਮਾਨ ਕਮੇਟੀ ਦੀ ਰਿਪੋਰਟ ਪੇਸ਼ ਕੀਤੀ।

ਰਿਪੋਰਟ ਪੇਸ਼ ਕਰਦੇ ਹੋਏ ਸਰਦਾਰ ਹਰਦਿਆਲ ਸਿੰਘ ਕੰਬੋਜ, ਸਭਾਪਤੀ, ਅਨੁਮਾਨ ਕਮੇਟੀ 02 ਮਿੰਟ ਲਈ ਬੋਲੇ।

5. <u>ਮਤਾ</u>

1. ਸਰਦਾਰ ਹਰਮਿੰਦਰ ਸਿੰਘ ਗਿੱਲ, ਐਮ.ਐਲ.ਏ. ਵੱਲੋਂ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:

> "ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਉੱਚਾ ਚੁੱਕਣ ਸਬੰਧੀ ਅਸਰਦਾਰ ਕਦਮ ਉਠਾਏ ਜਾਣ।"

ਮਤਾ ਪੇਸ਼ ਕਰਦੇ ਹੋਏ ਸਰਦਾਰ ਹਰਮਿੰਦਰ ਸਿੰਘ ਗਿੱਲ 27 ਮਿੰਟ ਲਈ ਬੋਲੇ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਮਤੇ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਰਾਣਾ ਗੁਰਜੀਤ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ | 26 ਮਿੰਟ |
| 2. | ਸਰਦਾਰ ਹਰਿੰਦਰ ਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 15 ਮਿੰਟ |
| 3. | ਸਰਦਾਰ ਕੁਲਦੀਪ ਸਿੰਘ ਵੈਦ (ਬੁਲਾਰਾ), ਇੰਡੀਅਨ ਨੈਸ਼ਨਲ ਕਾਂਗਰਸ | 09 ਮਿੰਟ |
| 4. | ਸਰਦਾਰ ਕੁਲਵੰਤ ਸਿੰਘ ਪੰਡੋਰੀ, ਆਮ ਆਦਮੀ ਪਾਰਟੀ | 07 ਮਿੰਟ |
| 5. | ਸਰਦਾਰ ਜਗਤਾਰ ਸਿੰਘ ਜੱਗਾ ਹਿੱਸੋਵਾਲ, ਆਮ ਆਦਮੀ ਪਾਰਟੀ | 10 ਮਿੰਟ |
| 6. | ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਮੰਤਰੀ | 15 ਮਿੰਟ |
| 7. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 13 ਮਿੰਟ |
| 8. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 17 ਮਿੰਟ |
| 9. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 09 ਮਿੰਟ |
| 10. | ਸ਼੍ਰੀ ਐਨ.ਕੇ.ਸ਼ਰਮਾ, ਸ਼੍ਰੋਮਣੀ ਅਕਾਲੀ ਦਲ | 03 ਮਿੰਟ |
| 11. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 04 ਮਿੰਟ |
| 12. | ਸਰਦਾਰ ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ | 02 ਮਿੰਟ |

ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਮਤੇ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 03 ਮਿੰਟ ਲਈ ਬੋਲੇ।

6. <u>ਹਾਊਸ ਦੀ ਕਮੇਟੀ ਦੇ ਗਠਨ ਸਬੰਧੀ</u>

ਸਰਦਾਰ ਕੁਲਦੀਪ ਸਿੰਘ ਵੈਦ (ਬੁਲਾਰਾ), ਮੈਂਬਰ, ਇੰਡੀਅਨ ਨੈਸ਼ਨਲ ਕਾਂਗਰਸ ਦੁਆਰਾ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਉੱਚਾ ਚੁੱਕਣ ਸਬੰਧੀ ਅਸਰਦਾਰ ਕਦਮ ਉਠਾਏ ਜਾਣ ਵਾਲੇ ਮਤੇ ਤੇ ਬੋਲਦੇ ਸਮੇਂ ਇਸ ਮਹੱਤਵਪੂਰਣ ਮਸਲੇ ਤੇ ਹਾਊਸ ਦੀ ਕਮੇਟੀ ਬਣਾਏ ਜਾਣ ਦੀ ਮੰਗ ਕਰਨ ਤੇ ਮਾਨਯੋਗ ਸਪੀਕਰ ਵਲੋਂ ਕਮੇਟੀ ਬਣਾਉਣ ਦਾ ਐਲਾਨ ਕੀਤਾ ਗਿਆ।

ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ, ਮੈਂਬਰ, ਪੈਨਲ ਆਫ਼ ਚੇਅਰਮੈਨ ਨੇ 12.58 ਵਜੇ ਬਾਅਦ ਦੁਪਹਿਰ ਤੋਂ 1.58 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਸ਼ੁਕਰਵਾਰ, ਮਿਤੀ 5 ਮਾਰਚ, 2021 ਦੇ 10.00 ਵਜੇ ਪੂਰਵ ਦੁਪਹਿਰ ਤੱਕ ਸਥਗਿਤ ਹੋ ਗਿਆ।

**ਸ਼ਸ਼ੀ ਲਖਨਪਾਲ ਮਿਸ਼ਰਾ**
**ਸਕੱਤਰ।**

**ਚੰਡੀਗੜ੍ਹ:**
4 ਮਾਰਚ, 2021